SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 217 | Wednesday, November 29, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਸਿਟੀ ਆਫ ਟੋਰਾਂਟੋ ਵੱਲੋਂ ਬੰਦ ਕੀਤੇ ਜਾਣਗੇ 4 ਵੈਕਸੀਨ ਕਲੀਨਿਕਸ

ਟੋਰਾਂਟੋ, 28 ਨਵੰਬਰ (ਪੋਸਟ ਬਿਊਰੋ) : ਸਿਟੀ ਆਫ ਟੋਰਾਂਟੋ ਵੱਲੋਂ ਦੋ ਸਾਲ ਤੋਂ ਵੀ ਵੱਧ ਸਮਾਂ ਪਹਿਲਾਂ ਕੋਵਿਡ-19 ਵੈਕਸੀਨ ਕਲੀਨਿਕਸ ਬੁਕਿੰਗ ਲਈ ਖੋਲ੍ਹੇ ਗਏ ਸਨ। ਪਰ ਮਿਊਂਸਪੈਲਿਟੀ ਦੀਆਂ ਚਾਰ ਫੈਸਿਲਿਟੀਜ਼ ਬੰਦ ਹੋਣ ਜਾ ਰਹੀਆਂ ਹਨ।

ਟੋਰਾਂਟੋ ਪਬਲਿਕ ਹੈਲਥ ਅਧਿਕਾਰੀਆਂ ਵੱਲੋਂ ਐਲਾਨ ਕੀਤਾ ਗਿਆ ਕਿ 13 ਦਸੰਬਰ ਨੂੰ ਉਨ੍ਹਾਂ ਦੇ ਚਾਰ ਕਲੀਨਿਕਸ, ਸਕਾਰਬਰੋ ਟਾਊਨ ਸੈਂਟਰ, ਨੌਰਥ ਯੌਰਕ ਸਿਵਿਕ ਸੈਂਟਰ, ਕਲੋਵਰਡੇਲ ਮਾਲ ਤੇ ਮੈਟਰੋ ਹਾਲ ਬੰਦ ਕੀਤੇ ਜਾ ਰਹੇ ਹਨ। ਉਨ੍ਹਾਂ ਆਖਿਆ ਕਿ ਅਜਿਹਾ ਇਸ ਲਈ ਕੀਤਾ ਜਾ ਰਿਹਾ ਹੈ ਕਿਉਂਕਿ ਓਨਟਾਰੀਓ ਸਰਕਾਰ ਦੀ ਕੋਵਿਡ-19 ਲਈ ਜਾਰੀ ਕੀਤੀ ਗਈ ਆਪਰੇਸ਼ਨਲ ਫੰਡਿੰਗ ਸਾਲ ਦੇ ਅੰਤ ਤੱਕ ਮੁੱਕਣ ਜਾ ਰਹੀ ਹੈ। ਇਹ ਕਦਮ ਉਦੋਂ ਚੁੱਕਿਆ ਜਾ ਰਿਹਾ ਹੈ ਜਦੋਂ ਕੋਵਿਡ-19 ਬੂਸਟਰਜ਼ ਤੇ ਇਨਫਲੂਐਂਜ਼ਾ ਵੈਕਸੀਨਜ਼ ਲਈ ਸਰਕਾਰ ਜ਼ੋਰ ਲਾ ਰਹੀ ਹੈ।



ਟੋਰਾਂਟੋ ਪਬਲਿਕ ਹੈਲਥ ਦੀ ਐਸੋਸਿਏਟ ਮੈਡੀਕਲ ਆਫੀਸਰ ਆਫ ਹੈਲਥ ਡਾ. ਵਿਨੀਤਾ ਦੂਬੇ ਨੇ ਆਖਿਆ ਕਿ ਇਨ੍ਹਾਂ ਕਲੀਨਿਕਸ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਸੀ ਤੇ ਇਹ ਕਈ ਹਫਤਿਆਂ ਲਈ ਬੁੱਕ ਸਨ ਤੇ ਇੱਥੇ ਲੋਕ ਵੀ ਲਗਾਤਾਰ ਆ ਰਹੇ ਸਨ। ਉਨ੍ਹਾਂ ਆਖਿਆ ਕਿ ਇਨ੍ਹਾਂ ਕਲੀਨਿਕਸ ਵਿੱਚ ਪਿਛਲੇ ਕੁੱਝ ਮਹੀਨਿਆਂ ਤੋਂ ਹੋਰ ਸ਼ੌਟਸ ਜਿਵੇਂ ਕਿ ਵਿਦਿਆਰਥੀਆਂ ਨੂੰ ਸਕੂਲ ਵਿੱਚ ਜਿਹੜੇ ਚਾਹੀਦੇ ਹੁੰਦੇ ਹਨ, ਐਚਪੀਵੀ, ਹੈਪੇਟਾਈਟਸ ਬੀ ਤੇ ਮੈਨਿੰਗੋਕੌਕਲ ਆਦਿ ਵੀ ਦਿੱਤੇ ਜਾ ਰਹੇ ਸਨ।

ਉਨ੍ਹਾਂ ਆਖਿਆ ਕਿ 250,000 ਵਿਦਿਆਰਥੀਆਂ ਵਿੱਚੋਂ 70 ਫੀ ਸਦੀ ਤੋਂ ਵੀ ਵੱਧ ਨੂੰ ਕੋਵਿਡ-19 ਦੇ ਚੱਲਦਿਆਂ ਜ਼ਰੂਰੀ ਵੈਕਸੀਨਜ਼ ਦੀਆਂ ਇੱਕ ਜਾਂ ਦੋ ਡੋਜ਼ਾਂ ਨਹੀਂ ਦਿੱਤੀਆਂ ਜਾ ਸਕੀਆਂ। ਇਹ ਵੈਕਸੀਨਜ਼ ਮੀਜ਼ਲਜ਼, ਮੰਪਸ, ਰੁਬੈਲਾ, ਡਿਪਥੀਰੀਆ, ਟੈਟਨਸ, ਪੋਲੀਓ, ਕਾਲੀ ਖੰਘ ਤੇ ਚਿਕਨਪੌਕਸ ਤੋਂ ਬਚਾਉਂਦੀਆਂ ਹਨ। ਉਨ੍ਹਾਂ ਆਖਿਆ ਕਿ ਹੋ ਸਕਦਾ ਹੈ ਕਿ ਬੱਚਿਆਂ ਨੇ ਮਹਾਂਮਾਰੀ ਕਾਰਨ ਵੈਕਸੀਨ ਨਾ ਲਵਾਈ ਹੋਵੇ ਤੇ ਜਾਂ ਫਿਰ ਲਵਾਈ ਹੋਵੇ ਤੇ ਉਹ ਸਾਡੇ ਕੋਲ ਰਿਪੋਰਟ ਹੀ ਨਾ ਕਰ ਸਕੇ ਹੋਣ। ਇਸ ਲਈ ਅਸੀਂ ਅਜਿਹੇ ਸਾਰੇ ਬੱਚਿਆਂ ਨੂੰ ਕਵਰ ਕਰਨਾ ਚਾਹੁੰਦੇ ਹਾਂ।

ਇਸ ਦੌਰਾਨ ਓਨਟਾਰੀਓ ਐਨਡੀਪੀ ਦੀ ਐਮਪੀਪੀ ਤੇ ਹੈਲਥ ਕ੍ਰਿਟਿਕ ਫਰਾਂਸ ਜੈਲੀਨਾਜ਼ ਨੇ ਵਧੇਰੇ ਪਬਲਿਕ ਹੈਲਥ ਫੰਡਿੰਗ ਦੀ ਮੰਗ ਕੀਤੀ। ਉਨ੍ਹਾਂ ਆਖਿਆ ਕਿ ਪਰਿਵਾਰਾਂ ਲਈ ਕਲੀਨਿਕਸ ਦੀ ਬਹੁਤ ਲੋੜ ਹੈ ਤੇ ਲੋਕਾਂ ਨੂੰ ਪਬਲਿਕ ਹੈਲਥ ਕਲੀਨਿਕਸ ਦੀ ਲੋੜ ਵੀ ਹੈ। ਇਸ ਲਈ ਇਨ੍ਹਾਂ ਨੂੰ ਬੰਦ ਨਹੀਂ ਕੀਤਾ ਜਾਣਾ ਚਾਹੀਦਾ।

## ਭਾਰੀ ਬਰਫਬਾਰੀ ਕਾਰਨ ਬ੍ਰੈਂਟਫੋਰਡ ਨੇੜੇ 10 ਗੱਡੀਆਂ ਆਪਸ ਵਿੱਚ ਟਕਰਾਈਆਂ

ਦਰਹਾਮ, 28 ਨਵੰਬਰ (ਪੋਸਟ ਬਿਊਰੋ) : ਹੈਮਿਲਟਨ ਦੇ ਠੀਕ ਬਾਹਰ ਬ੍ਰੈਂਟਫੋਰਡ ਤੇ ਹਾਈਵੇਅ 52 ਵਿੱਚ ਹਾਈਵੇਅ 403 ਤੇ ਗਾਰਡਨ ਐਵਨਿਊ ਦਰਮਿਆਨ ਕਈ ਗੱਡੀਆਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਪੂਰਬ ਵਾਲੀਆਂ ਲੇਨਜ਼ ਨੂੰ ਬੰਦ ਕਰਨਾ ਪਿਆ। ਇਹ ਹਾਦਸਾ ਭਾਰੀ ਬਰਫਬਾਰੀ ਕਾਰਨ ਵਾਪਰਿਆ।

ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਅਨੁਸਾਰ ਇਸ ਹਾਦਸੇ ਦੌਰਾਨ 10 ਗੱਡੀਆਂ ਆਪਸ ਵਿੱਚ ਟਕਰਾਈਆਂ ਜਿਨ੍ਹਾਂ ਵਿੱਚੋਂ ਚਾਰ ਟਰਾਂਸਪੋਰਟ ਟਰੱਕ ਵੀ ਸ਼ਾਮਲ ਸਨ। ਸੱਤ ਗੱਡੀਆਂ ਇੱਕ ਥਾਂ ਟਕਰਾਅ ਗਈਆਂ ਜਦਕਿ ਤਿੰਨ ਹੋਰ ਕਾਰਾਂ ਵੱਖਰੀ ਥਾਂ ਟਕਰਾਈਆਂ। ਗੰਭੀਰ ਜ਼ਖ਼ਮੀ ਹਾਲਤ ਵਿੱਚ ਇੱਕ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ। ਓਪੀਪੀ ਸਾਰਜੈਂਟ ਕੈਰੀ ਸ਼ਮਿਡਟ ਨੇ ਆਖਿਆ ਕਿ ਹਾਈਵੇਅ ਤੋਂ ਗੱਡੀਆਂ ਨੂੰ ਹਟਾਉਣ ਦਾ ਕੰਮ ਜਾਰੀ ਹੈ। ਅਜੇ ਵੀ ਸੜਕਾਂ ਗਿੱਲੀਆਂ ਹਨ ਤੇ ਬਰਫ ਨਾਲ ਢਕੀਆਂ ਹੋਈਆਂ ਹਨ।

ਮੰਗਲਵਾਰ ਦੁਪਹਿਰ ਨੂੰ ਐਨਵਾਇਰਮੈਂਟ ਕੈਨੇਡਾ ਵੱਲੋਂ ਬ੍ਰੈਂਟਫੋਰਡ ਵਿੱਚ ਭਾਰੀ ਬਰਫਬਾਰੀ ਦੀ ਚੇਤਾਵਨੀ ਦਿੱਤੀ ਗਈ ਸੀ।



ਪੁਲਿਸ ਨੇ ਦੱਸਿਆ ਕਿ ਇਲਾਕੇ ਵਿੱਚ ਮੌਜੂਦ ਡਰਾਈਵਰਾਂ ਨੂੰ ਦੇਰ ਹੋ ਸਕਦੀ ਹੈ। ਉਨ੍ਹਾਂ ਨੂੰ ਸਾਰੀਆਂ ਲੇਨਜ਼ ਦੁਪਹਿਰੇ 4:00 ਵਜੇ ਤੱਕ ਖੁੱਲ੍ਹਣ ਦੀ ਆਸ ਹੈ ਪਰ ਹਾਲਾਤ ਨੂੰ ਵੇਖਦਿਆਂ ਹੋਇਆਂ ਇਸ ਇਲਾਕੇ ਨੂੰ ਸ਼ਾਮ ਤੱਕ ਵੀ ਬੰਦ ਰੱਖਿਆ ਜਾ ਸਕਦਾ ਹੈ।

## ਜੰਗਲ ਦੇ ਇਲਾਕੇ ਵਿੱਚੋਂ ਮਿਲਿਆ ਮਨੁੱਖੀ ਪਿੰਜਰ

ਦਰਹਾਮ, 28 ਨਵੰਬਰ (ਪੋਸਟ ਬਿਊਰੋ) : ਮੰਗਲਵਾਰ ਸਵੇਰੇ ਬੋਮਨਵਿੱਲ ਦੇ ਜੰਗਲ ਵਾਲੇ ਇਲਾਕੇ ਵਿੱਚੋਂ ਮਨੁੱਖੀ ਪਿੰਜਰ ਮਿਲਿਆ। ਇਹ ਜਾਣਕਾਰੀ ਦਰਹਾਮ ਰੀਜਨਲ ਪੁਲਿਸ ਵੱਲੋਂ ਦਿੱਤੀ ਗਈ।




ਸਿੰਪਸਨ ਐਵਨਿਊ ਤੇ ਬੇਸਲਾਈਨ ਰੋਡ ਨੇੜੇ ਇਹ ਪਿੰਜਰ ਮਿਲਿਆ। ਇਲਾਕੇ ਵਿੱਚ ਇਸ ਸਮੇਂ ਭਾਰੀ ਮਾਤਰਾ ਵਿੱਚ ਪੁਲਿਸ ਮੌਜੂਦ ਹੈ। ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਇਸ ਬਾਰੇ ਅਜੇ ਹੋਰ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ।

## ਯੂਕਰੇਨ ਟਰੇਡ ਡੀਲ ਉੱਤੇ ਬਹਿਸ ਕਰਨਗੇ ਐਮਪੀਜ਼

ਓਟਵਾ, 28 ਨਵੰਬਰ (ਪੋਸਟ ਬਿਊਰੋ) : ਕੈਨੇਡਾ ਯੂਕਰੇਨ ਮੁਕਤ ਟਰੇਡ ਸਮਝੌਤੇ ਦੇ ਖਿਲਾਫ ਫੈਡਰਲ ਟੋਰੀਜ਼ ਵੱਲੋਂ ਵੋਟ ਕੀਤੇ ਜਾਣ ਤੋਂ ਬਾਅਦ ਐਮਪੀਜ਼ ਦੀ ਕਮੇਟੀ ਵੱਲੋਂ ਇਸ ਸਮਝੌਤੇ ਨੂੰ ਅਪਡੇਟ ਕਰਨ ਲਈ ਕਲਾਜ਼ ਦਰ ਕਲਾਜ਼ ਅਧਿਐਨ ਸ਼ੁਰੂ ਕੀਤੇ ਜਾਣ ਦੀ ਸੰਭਾਵਨਾ ਹੈ।

ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਵੱਲੋਂ ਇਸ ਅਪਡੇਸ਼ਨ ਦਾ ਵਿਰੋਧ ਕੀਤੇ ਜਾਣ ਦੇ ਆਪਣੀ ਪਾਰਟੀ ਦੇ ਫੈਸਲੇ ਦਾ ਪੱਖ ਪੂਰਿਆ ਗਿਆ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਉਨ੍ਹਾਂ ਦੀ ਕੈਬਨਿਟ ਵੱਲੋਂ ਪੌਲੀਏਵਰ ਦੇ ਬਿਆਨ ਨੂੰ ਰੱਦ ਕਰ ਦਿੱਤਾ ਗਿਆ ਤੇ ਟੋਰੀਜ਼ ਉੱਤੇ ਕੁੱਝ ਰਿਪਬਲਿਕਨਾਂ ਦੇ ਨਕਸ਼ੇ ਕਦਮ ਉੱਤੇ ਚੱਲਣ ਦਾ ਦੋਸ਼ ਲਾਇਆ ਗਿਆ। ਜ਼ਿਕਰਯੋਗ ਹੈ ਕਿ ਅਮਰੀਕੀ ਰਿਪਬਲਿਕਨ ਵੀ ਯੂਕਰੇਨ ਵਿਚਲੀ ਜੰਗ ਲਈ ਅਮਰੀਕਾ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਦੇ ਉਲਟ ਹਨ।



ਇਸ ਸਮਝੌਤੇ ਬਾਰੇ ਜਿਸ ਟੈਕਸਟ ਉੱਤੇ ਗੱਲਬਾਤ ਹੋਈ ਉਸ ਉੱਤੇ ਯੂਕਰੇਨ ਦੇ ਰਾਸ਼ਟਰਪਤੀ ਨੇ ਵੀ ਉਸ ਸਮੇਂ ਸਹੀ ਪਾਈ ਸੀ ਜਦੋਂ ਉਹ ਸਤੰਬਰ ਵਿੱਚ ਓਟਵਾ ਦੇ ਦੌਰੇ ਉੱਤੇ ਆਏ ਸਨ। ਇਸ ਸਮਝੌਤੇ ਵਿੱਚ ਆਖਿਆ ਗਿਆ ਹੈ ਕਿ ਦੋਵੇਂ ਦੇਸ਼ ਕਾਰਬਨ ਪ੍ਰਾਈਸਿੰਗ ਨੂੰ ਹੱਲਾਸ਼ੇਰੀ ਦੇਣਗੇ। ਇਸੇ ਦਰਮਿਆਨ ਕੈਨੇਡੀਅਨ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਪ੍ਰਬੰਧ ਲਾਗੂ ਕੀਤਾ ਜਾਣਾ ਲਾਜ਼ਮੀ ਨਹੀਂ ਹੈ।

ਜ਼ਿਕਰਯੋਗ ਹੈ ਕਿ ਯੂਕਰੇਨ ਵਿੱਚ ਇੱਕ ਦਹਾਕੇ ਤੋਂ ਵੀ ਵੱਧ ਸਮੇਂ ਤੋਂ ਕਾਰਬਨ ਪ੍ਰਾਈਸ ਦਾ ਪ੍ਰਬੰਧ ਹੈ ਤੇ ਇਸ ਦੇ ਅੰਬੈਸਡਰ ਇਹ ਆਖ ਰਹੇ ਹਨ ਕਿ ਕੈਨੇਡਾ ਵੀ ਇਸ ਸਬੰਧੀ ਬਿੱਲ ਪਾਸ ਕਰੇ। ਯੂਕਰੇਨ ਕੈਨੇਡੀਅਨ ਕਾਂਗਰਸ ਦੇ ਕੌਮੀ ਪ੍ਰੈਜ਼ੀਡੈਂਟ ਨੇ ਆਖਿਆ ਕਿ ਉਨ੍ਹਾਂ ਨੂੰ ਆਸ ਹੈ ਕਿ ਟੋਰੀਜ਼ ਆਪਣੀ ਸਥਿਤੀ ਨੂੰ ਇੱਕ ਵਾਰੀ ਮੁੜ ਵਿਚਾਰਨਗੇ।

## ਕੇਲਡਨ ਵਿੱਚ ਅੱਗ ਲੱਗਣ ਕਾਰਨ 4 ਘਰ ਹੋਏ ਤਬਾਹ

ਕੇਲਡਨ, 28 ਨਵੰਬਰ (ਪੋਸਟ ਬਿਊਰੋ) : ਕੇਲਡਨ ਵਿੱਚ ਤੜ੍ਹਕਸਾਰ ਲੱਗੀ ਅੱਗ ਕਾਰਨ ਦੋ ਘਰ, ਜਿਹੜੇ ਖਾਲੀ ਪਏ ਸਨ, ਸੜ ਕੇ ਸੁਆਹ ਹੋ ਗਏ ਤੇ ਦੋ ਹੋਰ ਵੀ ਪੂਰੀ ਤਰ੍ਹਾਂ ਤਬਾਹ ਹੋ ਗਏ। ਇਸ ਮਾਮਲੇ ਦੀ ਜਾਂਚ ਚੱਲ ਰਹੀ ਹੈ।




ਵਾਕਰ ਰੋਡ ਵੈਸਟ ਤੇ ਮਾਊਂਟੇਨਵਿਊ ਰੋਡ ਨੇੜੇ ਸਵੈਂਪ ਸਪੈਰੋਅ ਕੋਰਟ ਉੱਤੇ ਤੜ੍ਹਕੇ 3:30 ਵਜੇ ਦੇ ਨੇੜੇ ਤੇੜੇ ਅੱਗ ਲੱਗੀ। ਟਾਊਨ ਆਫ ਕੇਲਡਨ ਦੇ ਬੁਲਾਰੇ ਨੇ ਦੱਸਿਆ ਕਿ ਅੱਗ ਐਨੀ ਜ਼ਬਰਦਸਤ ਸੀ ਕਿ ਇਸ ਉੱਤੇ ਕਾਬੂ ਪਾਉਣ ਲਈ 18 ਟਰੱਕ ਮੰਗਵਾਏ ਗਏ। ਜਿਨ੍ਹਾਂ ਘਰਾਂ ਨੂੰ ਅੱਗ ਲੱਗੀ ਉਹ ਖਾਲੀ ਪਏ ਸਨ ਪਰ ਉਹ ਰਹਿਣ ਲਈ ਤਿਆਰ ਸਨ। ਅੱਗ ਦੌਰਾਨ ਇੱਕ ਘਰ ਬੁਰੀ ਤਰ੍ਹਾਂ ਢਹਿ ਗਿਆ ਤੇ ਦੂਜਾ ਘਰ ਬੁਰੀ ਤਰ੍ਹਾਂ ਸੜ ਜਾਣ ਕਾਰਨ ਢਾਹ ਦਿੱਤਾ ਗਿਆ। ਅਜੇ ਤੱਕ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ।

NOW HIRING !!!
ALLKIND INSURANCE
Life Insurance • Critical illness Ins • Travel & Visitor Ins • RESP & TFSA & RRSP
Super Visa Insurance • Mortgage Insurance • Disability Insurance • Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM MAGGAS MEDICAL INC.
Helping you breathe deep and rest easy.
CPAP machines, masks and supplies
Free consultations
30 day mask exchange
Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Royal Pest Control
Residential Commercial Industrial
Specialist in Bedbugs Service
All Pest Control :
Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL
416 938 4598

INSURANCE
Home • Auto • Business • Trucking • Life Insurance • Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration • Real Estate • Family Law • Business Closing • Corporate • Wills & Estate • Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
Cell: 416-841-4218 Tel: 905-216-5563
The Mortgage Centre
AvonFinancial Brokerage Lic.12538
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law • Business Law • Wills & Estates • Family Law • Power of Attorney • Civil Litigation • Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਰੈਸਕਿਊ ਆਪਰੇਸ਼ਨ ਦੌਰਾਨ ਸਿਲਕਿਆਰਾ ਸੁਰੰਗ ਵਿਚ ਫਸੇ 41 ਮਜ਼ਦੂਰਾਂ ਨੂੰ ਬਾਹਰ ਕੱਢਿਆ, ਪ੍ਰਧਾਨ ਮੰਤੀ ਮੋਦੀ ਨੇ ਸਿਹਤ ਸੰਬੰਧੀ ਲਈ ਜਾਣਕਾਰੀ, ਦਿੱਤੀਆਂ ਸ਼ੁੱਭਕਾਮਨਾਵਾਂ

ਉੱਤਰਕਾਸ਼ੀ, 28 ਨਵੰਬਰ (ਪੋਸਟ ਬਿਊਰੋ): ਰੈਸਕਿਊ ਆਪਰੇਸ਼ਨ ਦੌਰਾਨ ਸਿਲਕਿਆਰਾ ਸੁਰੰਗ ਵਿਚ ਫਸੇ 41 ਮਜ਼ਦੂਰਾਂ ਨੂੰ ਬਾਹਰ ਕੱਢ ਲਿਆ ਗਿਆ ਹੈ। ਉਹ 16 ਦਿਨਾਂ ਤੋਂ ਸਿਲਕਿਆਰਾ ਸੁਰੰਗ 'ਚ ਫਸੇ ਹੋਏ ਸਨ। ਆਗਰ ਮਸ਼ੀਨ ਦਾ ਬਲੇਡ ਟੁੱਟਣ ਮਗਰੋਂ ਰੈਸਕਿਊ ਆਪਰੇਸ਼ਨ 'ਚ ਮੁਸ਼ਕਿਲ ਆਈ, ਜਿਸ ਤੋਂ ਬਾਅਦ ਹੁਣ ਭਾਰਤੀ ਫ਼ੌਜ ਨੇ ਖ਼ੁਦ ਮੋਰਚਾ ਸੰਭਾਲਿਆ ਸੀ। ਦੱਸਣਯੋਗ ਹੈ ਕਿ ਚਾਰਧਾਮ ਯਾਤਰਾ ਮਾਰਗ 'ਤੇ ਬਣ ਰਹੀ ਸੁਰੰਗ ਦਾ ਇਕ ਹਿੱਸਾ 12 ਨਵੰਬਰ ਨੂੰ ਢਹਿ ਗਿਆ ਸੀ, ਜਿਸ ਨਾਲ ਇਸ 'ਚ ਕੰਮ ਕਰ ਰਹੇ 41 ਮਜ਼ਦੂਰ ਫਸ ਗਏ ਸਨ, ਜਿਨ੍ਹਾਂ ਨੂੰ ਅੱਜ



ਪੂਰੇ 16 ਦਿਨਾਂ ਬਾਅਦ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ। ਮਜ਼ਦੂਰਾਂ ਨੂੰ ਐਂਬੂਲੈਂਸ ਰਾਹੀਂ ਹਸਪਤਾਲ ਲਿਜਾਇਆ ਜਾਵੇਗਾ, ਜਿਸ ਲਈ ਗ੍ਰੀਨ ਕੋਰੀਡੋਰ ਤਿਆਰ ਕੀਤਾ ਗਿਆ ਹੈ। ਰੈਸਕਿਊ ਟੀਮਾਂ ਨੇ ਮਜ਼ਦੂਰਾਂ ਦੇ ਪਰਿਵਾਰਾਂ ਨੂੰ ਉਨ੍ਹਾਂ ਦੇ ਕੱਪੜੇ ਅਤੇ ਬੈਗ ਤਿਆਰ ਰੱਖਣ ਲਈ ਕਿਹਾ ਹੈ। ਉੱਤਰਕਾਸ਼ੀ ਦੇ ਚਿਨਿਆਲੀਸੌੜ ਕਸਬੇ 'ਚ ਚਿਨੂਕ ਤਾਇਨਾਤ ਕੀਤੇ ਗਏ ਹਨ। ਇਹ ਇਸ ਐਮਰਜੈਂਸੀ ਸਥਿਤੀ ਲਈ ਹੈ, ਕਿ ਜੇਕਰ ਕਿਸੇ ਮਜ਼ਦੂਰ ਦੀ ਸਿਹਤ ਜ਼ਿਆਦਾ ਵਿਗੜਦੀ ਹੈ ਤਾਂ ਉਨ੍ਹਾਂ ਨੂੰ ਜਲਦੀ ਹੀ ਦੇਹਰਾਦੂਨ ਅਤੇ ਰਿਸ਼ੀਕੇਸ਼ 'ਚ ਬਿਹਤਰ ਵਿਵਸਥਾ ਲਈ ਲਿਜਾਇਆ ਜਾ ਸਕੇ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੂੰ ਫੋਨ ਕਰਕੇ ਸਿਲਕਿਆਰਾ ਤੋਂ 41 ਮਜ਼ਦੂਰਾਂ ਨੂੰ ਸੁਰੱਖਿਅਤ ਕੱਢਣ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਦੌਰਾਨ ਪ੍ਰਧਾਨ ਮੰਤਰੀ ਨੇ ਮੁੱਖ ਮੰਤਰੀ ਤੋਂ ਵਰਕਰਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਮੁੱਖ ਮੰਤਰੀ ਤੋਂ ਜਾਣਕਾਰੀ ਹਾਸਲ ਕੀਤੀ ਕਿ ਸੁਰੰਗ ਤੋਂ ਬਾਹਰ ਕੱਢਣ ਤੋਂ ਬਾਅਦ ਮਜ਼ਦੂਰਾਂ ਦੀ ਸਿਹਤ ਸੰਭਾਲ, ਉਨ੍ਹਾਂ ਦੇ ਘਰ ਛੱਡਣ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਕੀ ਪ੍ਰਬੰਧ ਕੀਤੇ ਗਏ ਹਨ। ਮੁੱਖ ਮੰਤਰੀ ਨੇ ਪੀਐੱਮ ਨੂੰ ਦੱਸਿਆ ਕਿ ਸਾਰੇ ਵਰਕਰਾਂ ਨੂੰ ਸੁਰੰਗ 'ਚੋਂ ਬਾਹਰ ਆਉਣ ਤੋਂ ਬਾਅਦ ਸਿੱਧੇ ਚਿਨਿਆਲੀਸੌਰ ਦੇ ਹਸਪਤਾਲ ਲਿਜਾਇਆ ਗਿਆ ਹੈ, ਜਿੱਥੇ ਉਨ੍ਹਾਂ ਦੀ ਜ਼ਰੂਰੀ ਸਿਹਤ ਜਾਂਚ ਆਦਿ ਕੀਤੀ ਜਾਵੇਗੀ। ਇਹ ਵੀ ਦੱਸਿਆ ਕਿ ਮਜ਼ਦੂਰਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਚਿਨਿਆਲੀਸੌਰ ਲਿਜਾਇਆ ਗਿਆ ਹੈ, ਜਿੱਥੋਂ ਉਨ੍ਹਾਂ ਦੀ ਸਹੂਲਤ ਅਨੁਸਾਰ ਉਨ੍ਹਾਂ ਨੂੰ ਘਰ ਛੱਡਣ ਲਈ ਸੂਬਾ ਸਰਕਾਰ ਵੱਲੋਂ ਪੂਰੇ ਪ੍ਰਬੰਧ ਕੀਤੇ ਜਾਣਗੇ।

## ਅੱਜ ਨਾਮਾ

ਜਿਹੜੇ ਬਿੱਲ ਗਵਰਨਰ ਨੇ ਰੋਕ ਲਏ ਸੀ,
ਕੀਤੇ ਆ ਮੁੜ ਕੇ ਅਸੰਬਲੀ ਪਾਸ ਮੀਆਂ।
ਹੁਕਮ ਕੋਰਟ ਸੁਪਰੀਮ ਦਾ ਸਿਰੇ ਚੜ੍ਹਿਆ,
ਮਨਜ਼ੂਰ ਹੋਣ ਦੀ ਬੱਝੀ ਕੁਝ ਆਸ ਮੀਆਂ।
ਇਹੋ ਪਹਿਲਾਂ ਗਵਰਨਰ ਜੇ ਕਰਨ ਦਿੰਦਾ,
ਵਕਤ ਹੁੰਦਾ ਨਹੀਂ ਵਾਧੂ ਦਾ ਨਾਸ ਮੀਆਂ।
ਹੋਇਆ ਏ ਕੰਮ ਅੜਿੱਕੇ ਜਾਂ ਪੈਣ ਮਗਰੋਂ,
ਰਹੀ ਨਾ ਪਹਿਲਾਂ ਦੇ ਵਾਂਗ ਮਿਠਾਸ ਮੀਆਂ।
ਅੜਿੱਕੇਬਾਜ਼ੀ ਤੋਂ ਨਿਕਲਿਆ ਸਬਕ ਇਹੀ,
ਮਿਲ ਕੇ ਚੱਲਣ ਦੀ ਅਸਲ ਹੈ ਲੋੜ ਮੀਆਂ।
ਜਿਹੋ ਜਿਹੀ ਸ਼ੀਸ਼ੇ ਵਿੱਚ ਪਈ ਤਰੇੜ ਜਾਪੇ,
ਹੋ ਗਿਆ ਔਖਾ ਜਿਹਾ ਜੋੜਨਾ ਜੋੜ ਮੀਆਂ।

**ਤੀਸ ਮਾਰ ਖਾਂ**

# ਚੀਨ ਵਿਚ ਕੋਰੋਨਾ ਤੋਂ ਬਾਅਦ ਹੁਣ ਨਵੀਂ ਬੀਮਾਰੀ ਨੇ ਦੁਨੀਆਂ ਨੂੰ ਕੀਤਾ ਚਿੰਤਤ



ਨਵੀਂ ਦਿੱਲੀ, 28 ਨਵੰਬਰ (ਪੋਸਟ ਬਿਊਰੋ): ਚੀਨ ਰਹੱਸਮਈ ਬੀਮਾਰੀ ਕਾਰਨ ਮਸ਼ਹੂਰ ਹੋ ਗਿਆ ਹੈ। ਖਾਸ ਤੌਰ 'ਤੇ ਕੋਰੋਨਾ ਮਹਾਮਾਰੀ ਤੋਂ ਬਾਅਦ ਚੀਨ 'ਤੇ ਇਹ ਕਲੰਕ ਹੋਰ ਵੀ ਮਜ਼ਬੂਤ ਹੋ ਗਿਆ ਹੈ। ਹੁਣ ਚੀਨ ਵਿੱਚ ਰਹੱਸਮਈ ਨਿਮੋਨੀਆ ਦਾ ਅਚਾਨਕ ਪ੍ਰਕੋਪ ਦੇਖਣ ਨੂੰ ਮਿਲ ਰਿਹਾ ਹੈ। ਕਰੋਨਾ ਵਾਂਗ ਇਹ ਬਿਮਾਰੀ ਵੀ ਤੇਜ਼ੀ ਨਾਲ ਫੈਲ ਰਹੀ ਹੈ। ਮੁੱਖ ਤੌਰ 'ਤੇ ਸਕੂਲੀ ਬੱਚੇ ਇਸ ਬਿਮਾਰੀ ਤੋਂ ਪ੍ਰਭਾਵਿਤ ਹੁੰਦੇ ਹਨ। ਚੀਨ ਦੇ ਕਈ ਹਸਪਤਾਲ ਨਿਮੋਨੀਆ ਤੋਂ ਪੀੜਤ ਬੱਚਿਆਂ ਨਾਲ ਭਰੇ ਹੋਏ ਹਨ। ਇਸ ਅਣਜਾਣ ਬਿਮਾਰੀ ਨੇ ਬੱਚਿਆਂ ਨੂੰ ਨਿਸ਼ਾਨਾ ਬਣਾਇਆ ਹੈ। ਇਸ ਨੂੰ 'ਏਵੀਅਨ ਇਨਫਲੂਐਂਜ਼ਾ' ਦਾ ਨਾਂ ਦਿੱਤਾ ਗਿਆ ਹੈ ਅਤੇ ਇਸ ਵਾਇਰਸ ਨੂੰ '92' ਦਾ ਨਾਂ ਦਿੱਤਾ ਗਿਆ ਹੈ। ਸੰਖੇਪ ਵਿੱਚ, ਫਲੂ, ਸਵਾਈਨ ਫਲੂ, ਕਰੋਨਾ ਅਤੇ ਹੁਣ ਇਹ ਨਵਾਂ 'ਏਵੀਅਨ ਫਲੂ' ਚੀਨ ਦੁਨੀਆ ਨੂੰ ਦੇ ਰਿਹਾ ਹੈ। ਨਵੀਂ ਬਿਮਾਰੀ ਵੀ ਕਰੋਨਾ ਜਿੰਨੀ ਹੀ ਗੰਭੀਰ ਹੋਣ ਜਾ ਰਹੀ ਹੈ।

ਅਜੇ ਦੋ ਮਹੀਨੇ ਪਹਿਲਾਂ ਹੀ ਕੁਝ ਦੇਸ਼ਾਂ ਵਿਚ ਕੋਰੋਨਾ ਵਾਇਰਸ ਦਾ ਪ੍ਰਕੋਪ ਫਿਰ ਦੇਖਿਆ ਗਿਆ ਸੀ। ਅਮਰੀਕਾ ਵਿੱਚ, ਕੋਰੋਨਾ ਮਰੀਜ਼ਾਂ ਦੇ ਹਸਪਤਾਲ ਵਿੱਚ ਭਰਤੀ ਹੋਣ ਦੀ ਦਰ 24 ਪ੍ਰਤੀਸ਼ਤ ਵਧ ਗਈ ਹੈ। ਕੋਰੋਨਾ ਦਾ ਇੱਕ ਨਵਾਂ ਰੂਪ 'ਏਰਿਸ' ਯਾਨੀ 'ਈਜੀ.5.1' ਬ੍ਰਿਟੇਨ ਵਿੱਚ ਪਾਇਆ ਗਿਆ ਹੈ। 'ਕੋਵਿਡ 19' ਫਿਰ 'ਓਮਾਈਕ੍ਰੋਨ' ਅਤੇ ਫਿਰ 'ਏਰਿਸ', ਇਹ ਹੁਣ ਤੱਕ ਕੋਰੋਨਾ ਵਾਇਰਸ ਦਾ ਸਫਰ ਰਿਹਾ ਹੈ। ਦੋ ਮਹੀਨੇ ਪਹਿਲਾਂ ਹੀ ਪਤਾ ਲੱਗ ਚੁੱਕਾ ਹੈ ਕਿ ਕੋਰੋਨਾ ਦੇ ਨਵੇਂ ਅਵਤਾਰ 'ਬੀਏ2.86' ਦੇ ਪਾਣੀ 'ਚ ਰਲ ਜਾਣ ਕਾਰਨ ਪਾਣੀ ਰਾਹੀਂ ਵੀ ਕੋਰੋਨਾ ਦੀ ਲਾਗ ਹੋ ਸਕਦੀ ਹੈ। ਕੋਰੋਨਾ ਦੀਆਂ ਇਹ ਚੇਤਾਵਨੀਆਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ ਹਨ ਅਤੇ ਹੁਣ ਨਵੀਂ 'ਚੀਨੀ ਬਿਮਾਰੀ' ਨੇ ਦੁਨੀਆਂ ਦੀ ਚਿੰਤਾ ਵਧਾ ਦਿੱਤੀ ਹੈ।

## ਦੱਖਣੀ ਅਫਰੀਕਾ ਵਿਚ ਖਦਾਨ ਵਿਚ ਡਿੱਗੀ ਵੱਡੀ ਲਿਫਟ, ਕਈ ਮਜ਼ਦੂਰਾਂ ਦੀ ਮੌਤ, 75 ਜ਼ਖਮੀ



ਕੇਪਟਾਊਨ, 28 ਨਵੰਬਰ (ਪੋਸਟ ਬਿਊਰੋ): ਦੱਖਣੀ ਅਫਰੀਕਾ ਵਿਚ 11 ਮਜ਼ਦੂਰਾਂ ਦੀ ਮੌਤ ਨੂੰ ਖਦਾਨ ਅੰਦਰ ਲਿਫਟ ਡਿੱਗਣ ਕਾਰਨ ਹੋ ਗਈ ਹੈ। ਜਾਣਕਾਰੀ ਮੁਤਾਬਕ ਦੱਖਣੀ ਅਫਰੀਕਾ ਵਿਚ ਪਲੈਟੀਨਮ ਖਾਨ ਵਿਚ ਲਿਫਟ ਡਿੱਗਣ ਕਾਰਨ 11 ਮਜ਼ਦੂਰਾਂ ਦੀ ਮੌਤ ਹੋ ਗਈ ਹੈ, ਜਦਕਿ 75 ਮਜ਼ਦੂਰ ਜ਼ਖਮੀ ਦੱਸੇ ਜਾ ਰਹੇ ਹਨ।

ਦੱਖਣੀ ਅਫਰੀਕਾ ਵਿੱਚ ਇੱਕ ਪਲੈਟੀਨਮ ਖਾਨ ਵਿੱਚ ਮਜ਼ਦੂਰਾਂ ਨੂੰ ਉਤਾਰਦੇ ਸਮੇਂ ਇੱਕ ਲਿਫਟ ਅਚਾਨਕ ਡਿੱਗ ਗਈ। ਇਸ ਕਾਰਨ 11 ਲੋਕਾਂ ਦੀ ਮੌਤ ਹੋ ਗਈ। ਮਰਨ ਵਾਲਿਆਂ ਦੀ ਗਿਣਤੀ ਹੋਰ ਵਧ ਸਕਦੀ ਹੈ। ਮਾਈਨ ਆਪਰੇਟਰ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ। ਇਹ ਘਟਨਾ ਸੋਮਵਾਰ ਸ਼ਾਮ ਨੂੰ ਉੱਤਰੀ ਸ਼ਹਿਰ ਰਸਟਨਬਰਗ ਵਿੱਚ ਇੱਕ ਖਾਨ ਵਿੱਚ ਵਾਪਰੀ। ਜ਼ਖਮੀਆਂ ਨੂੰ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਇਮਪਲਾ ਪਲੈਟੀਨਮ ਹੋਲਡਿੰਗਜ਼ (ਇਮਪਲਾਂਟ) ਦੇ ਮੁੱਖ ਕਾਰਜਕਾਰੀ ਅਧਿਕਾਰੀ ਨਿਕੋ ਮੂਲਰ ਨੇ ਇਕ ਬਿਆਨ ਵਿਚ ਕਿਹਾ ਕਿ ਇਹ ਉਨ੍ਹਾਂ ਦੀ ਕੰਪਨੀ ਦੇ ਇਤਿਹਾਸ ਵਿਚ ਸਭ ਤੋਂ ਭਿਆਨਕ ਦਿਨ ਸੀ। ਉਨ੍ਹਾਂ ਕਿਹਾ ਕਿ ਘਟਨਾ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਦੱਖਣੀ ਅਫਰੀਕਾ ਪਲੈਟੀਨਮ ਦਾ ਸਭ ਤੋਂ ਵੱਡਾ ਉਤਪਾਦਕ ਹੈ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
Increase Your Cash Flow by up to 50%
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਰੂਸ-ਯੂਕਰੇਨ ਵਿਚ ਕਾਲੇ ਸਾਗਰ ਖੇਤਰ ਵਿੱਚ ਖਤਰਨਾਕ ਤੂਫਾਨ ਨੇ ਮਚਾਈ ਤਬਾਹੀ, ਕਈ ਮੌਤਾਂ



ਮਾਸਕੋ, 28 ਨਵੰਬਰ (ਪੋਸਟ ਬਿਊਰੋ): ਰੂਸ ਅਤੇ ਯੂਕਰੇਨ ਦੀ ਲੜਾਈ ਦੇ ਵਿਚਕਾਰ, ਦੋਨਾਂ ਦੇਸ਼ਾਂ ਨੂੰ ਇੱਕ ਹੋਰ ਤਬਾਹੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉਹ ਹੈ ਕਾਲੇ ਸਾਗਰ ਖੇਤਰ ਵਿੱਚ ਖਤਰਨਾਕ ਤੂਫਾਨ। ਇਸ ਤੂਫ਼ਾਨ ਦੀ ਰਫ਼ਤਾਰ ਅਤੇ ਭਾਰੀ ਮੀਂਹ ਨੇ ਭਾਰੀ ਤਬਾਹੀ ਮਚਾਈ ਹੈ। ਤੇਜ਼ ਹਨੇਰੀ ਕਾਰਨ ਸੜਕਾਂ ਛੱਪੜ ਬਣ ਗਈਆਂ, ਦਰੱਖਤ ਉੱਖੜ ਗਏ, ਬਿਜਲੀ ਦੀਆਂ ਤਾਰਾਂ ਟੁੱਟ ਗਈਆਂ। ਸਥਿਤੀ ਇਹ ਹੈ ਕਿ ਇਸ ਕਾਰਨ ਰੂਸ ਦੇ ਕਬਜ਼ੇ ਵਾਲੇ ਕ੍ਰੀਮੀਆ ਅਤੇ ਯੂਕਰੇਨ ਵਿੱਚ 5 ਲੱਖ ਤੋਂ ਵੱਧ ਲੋਕ ਬਿਜਲੀ ਤੋਂ ਬਿਨ੍ਹਾਂ ਰਹਿਣ ਲਈ ਮਜ਼ਬੂਰ ਹਨ। ਇਨਾ ਹੀ ਨਹੀਂ ਪਾਣੀ ਭਰਨ ਕਾਰਨ ਘੱਟੋ-ਘੱਟ ਤਿੰਨ ਲੋਕਾਂ ਦੀ ਮੌਤ ਹੋ ਗਈ। ਮਰਨ ਵਾਲਿਆਂ ਦੀ ਗਿਣਤੀ ਹੋਰ ਵਧ ਸਕਦੀ ਹੈ। ਤੂਫਾਨ ਕਾਰਨ 19 ਲੱਖ ਲੋਕ ਪ੍ਰਭਾਵਿਤ ਹੋਏ ਹਨ।

ਯੂਕਰੇਨ ਦੇ ਊਰਜਾ ਮੰਤਰਾਲੇ ਅਨੁਸਾਰ, ਉਖੜੇ ਦਰੱਖਤਾਂ ਅਤੇ ਡਿੱਗੀਆਂ ਬਿਜਲੀ ਦੀਆਂ ਲਾਈਨਾਂ ਨੇ ਬਿਜਲੀ ਸਬਸਟੇਸ਼ਨ ਫੇਲ੍ਹ ਹੋਣ ਕਾਰਨ ਖੇਤਰ ਵਿੱਚ ਲਗਭਗ 150,000 ਘਰ ਬਿਜਲੀ ਤੋਂ ਬਿਨ੍ਹਾਂ ਛੱਡ ਦਿੱਤੇ ਹਨ। ਓਡੇਸਾ, ਮਾਈਕੋਲਾਈਵ ਅਤੇ ਕੀਵ ਸਮੇਤ 16 ਯੂਕਰੇਨੀ ਖੇਤਰਾਂ ਦੇ ਦੋ ਹਜ਼ਾਰ ਤੋਂ ਵੱਧ ਕਸਬੇ ਅਤੇ ਪਿੰਡ ਐਤਵਾਰ ਰਾਤ ਅਤੇ ਸੋਮਵਾਰ ਦੀ ਸਵੇਰ ਨੂੰ ਬਿਜਲੀ ਤੋਂ ਬਿਨ੍ਹਾਂ ਸਨ।

ਰੂਸ ਦੀ ਰਾਸ਼ਟਰੀ ਮੌਸਮ ਵਿਗਿਆਨ ਸੇਵਾ ਦੇ ਮੁਖੀ ਦਾ ਕਹਿਣਾ ਹੈ ਕਿ ਕ੍ਰੀਮੀਆ ਵਿੱਚ ਆਇਆ ਤੂਫਾਨ ਸਭ ਤੋਂ ਸ਼ਕਤੀਸ਼ਾਲੀ ਸੀ। ਇਸ ਨਾਲ ਇੱਕ ਵਿਅਕਤੀ ਦੀ ਮੌਤ ਰਿਸਾਰਟ ਕਸਬੇ ਵਿੱਚ ਹੋਈ, ਦੂਜੀ ਰੂਸ ਦੇ ਕਬਜ਼ੇ ਵਾਲੇ ਕ੍ਰੀਮੀਆ ਵਿੱਚ ਅਤੇ ਇੱਕ ਤੀਸਰੇ ਵਿਅਕਤੀ ਦੀ ਮੌਤ ਕੇਰਚ ਵਿੱਚ ਇੱਕ ਜਹਾਜ਼ 'ਤੇ ਹੋਈ, ਜੋ ਕ੍ਰੀਮੀਆ ਨੂੰ ਰੂਸੀ ਮੁੱਖ ਭੂਮੀ ਤੋਂ ਵੱਖ ਕਰਦੀ ਹੈ।

# ਜਾਪਾਨ ਵਿਚ ਖੁਦਾਈ ਦੌਰਾਨ ਮਿਲਿਆ ਵੱਡਾ ਖਜ਼ਾਨਾ, 1 ਲੱਖ ਪੁਰਾਣੇ ਸਿੱਕੇ ਮਿਲੇ



ਟੋਕੀਓ, 28 ਨਵੰਬਰ (ਪੋਸਟ ਬਿਊਰੋ): ਵਿਗਿਆਨੀਆਂ ਨੂੰ ਜਾਪਾਨ ਦੀ ਇਕ ਉਸਾਰੀ ਵਾਲੀ ਥਾਂ ਤੋਂ ਇਕ ਖਜ਼ਾਨਾ ਮਿਲਿਆ ਹੈ। ਇੱਥੋਂ ਵਿਗਿਆਨੀਆਂ ਨੂੰ ਇਕ-ਦੋ ਨਹੀਂ ਸਗੋਂ 1 ਲੱਖ ਪ੍ਰਾਚੀਨ ਸਿੱਕਿਆਂ ਦਾ ਖਜ਼ਾਨਾ ਮਿਲਿਆ ਹੈ। ਇਹ ਖੋਜ ਜਾਪਾਨ ਦੀ ਰਾਜਧਾਨੀ ਟੋਕੀਓ ਤੋਂ 60 ਮੀਲ ਦੂਰ ਸਥਿਤ ਮਾਏਬਾਸ਼ੀ ਸ਼ਹਿਰ ਵਿੱਚ ਹੋਈ ਹੈ। ਸਾਈਟ 'ਤੇ ਇਕ ਫੈਕਟਰੀ ਦੇ ਨਿਰਮਾਣ ਲਈ ਖੁਦਾਈ ਦੌਰਾਨ ਵਿਗਿਆਨੀਆਂ ਨੂੰ ਇਹ ਖਜ਼ਾਨਾ ਮਿ-ਲਆ। ਪੁਰਾਤਨ ਸਿੱਕਿਆਂ ਦੀ ਜਾਂਚ ਜਾਰੀ ਹੈ। ਰਿਪੋਰਟਾਂ ਦੀ ਮੰਨੀਏ ਤਾਂ ਹੁਣ ਤੱਕ ਸਿਰਫ 334 ਸਿੱਕਿਆਂ ਦੀ ਹੀ ਜਾਂਚ ਕੀਤੀ ਗਈ ਹੈ। ਇਨ੍ਹਾਂ ਵਿੱਚੋਂ ਸਭ ਤੋਂ ਪੁਰਾਣਾ ਸਿੱਕਾ ਚੀਨ ਦਾ ਹੈ। ਕਿਹਾ ਜਾਂਦਾ ਹੈ ਕਿ ਇਹ ਸਿੱਕਾ 175 ਈਸਾ ਪੂਰਵ ਦਾ ਹੈ। ਜਦੋਂ ਕਿ ਸਭ ਤੋਂ ਤਾਜ਼ਾ ਸਿੱਕਾ 1265 ਈ. ਸਿੱਕਿਆਂ ਦੀ ਖੋਜ 1,060 ਬੰਡਲਾਂ ਵਿੱਚ ਹੋਈ ਹੈ। ਹਰੇਕ ਬੰਡਲ ਵਿੱਚ ਲਗਭਗ 100 ਸਿੱਕੇ ਸਨ। ਇਸ ਵਿੱਚ ਚੀਨੀ ਸ਼ਿਲਾਲੇਖਾਂ ਵਾਲੇ ਬਾਨਲਿਯਾਂਗ ਸਿੱਕੇ ਵੀ ਸ਼ਾਮਿਲ ਸਨ, ਜੋ ਆਮ ਤੌਰ 'ਤੇ ਲਗਭਗ 2200 ਸਾਲ ਪਹਿਲਾਂ ਚੀਨ ਵਿੱਚ ਬਣਾਏ ਗਏ ਸਨ। ਮਿਸ਼ੀਗਨ ਸਟੇਟ ਯੂਨੀਵਰਸਿਟੀ ਵਿੱਚ ਇਤਿਹਾਸ ਦੇ ਇੱਕ ਐਸੋਸੀਏਟ ਪ੍ਰੋਫੈਸਰ ਏਥਨ ਸੇਗਲ ਨੇ ਕਿਹਾ ਕਿ ਅਜਿਹੇ ਸਿੱਕੇ ਇੱਕ ਵਾਰ ਪੂਰੇ ਜਾਪਾਨ ਵਿੱਚ ਖਾਸ ਤੌਰ 'ਤੇ ਮੱਧਕਾਲੀ ਦੌਰ (13ਵੀਂ ਤੋਂ 16ਵੀਂ ਸਦੀ) ਵਿੱਚ ਪਾਏ ਜਾਂਦੇ ਸਨ।

# ਭਾਣਜੀ ਦੇ ਵਿਆਹ ਵਿਚ ਇੱਕ ਕਰੋੜ ਦਾ ਸ਼ਗਨ, ਭਰਾ ਨੇ ਵਿਧਵਾ ਭੈਣ ਦੇ ਘਰ ਲਾਇਅਦ ਨੋਟਾਂ ਦਾ ਢੇਰ



ਰੇਵਾੜੀ, 28 ਨਵੰਬਰ (ਪੋਸਟ ਬਿਊਰੋ): ਹਰਿਆਣਾ ਦੇ ਰੇਵਾੜੀ ਸ਼ਹਿਰ ਵਿਚ ਇਕ ਵਿਅਕਤੀ ਨੇ ਆਪਣੀ ਭਾਣਜੀ ਦੇ ਵਿਆਹ 'ਚ ਹਿੰਦੂ ਰੀਤੀ-ਰਿਵਾਜ਼ਾਂ ਮੁਤਾਬਕ ਭਾਤ (ਸ਼ਗੁਨ) ਭਰ ਕੇ ਅਜਿਹੀ ਮਿਸਾਲ ਕਾਇਮ ਕੀਤੀ ਹੈ ਕਿ ਇਸ ਦੀ ਚਰਚਾ ਮੁਹੱਲੇ 'ਚ ਹੀ ਨਹੀਂ ਸਗੋਂ ਪੂਰੇ ਦੇਸ਼ 'ਚ ਹੋ ਰਹੀ ਹੈ। ਭਰਾ ਆਪਣੀ ਵਿਧਵਾ ਭੈਣ ਦੇ ਘਰ ਕਰੰਸੀ ਨੋਟਾਂ ਦਾ ਢੇਰ ਛੱਡ ਗਿਆ। ਉਸ ਨੇ ਇਕ ਕਰੋੜ, 1 ਲੱਖ, 11 ਹਜ਼ਾਰ 101 ਰੁਪਏ ਨਕਦ ਦਿੱਤੇ। ਇੰਨਾ ਹੀ ਨਹੀਂ ਉਸ ਨੇ ਕਰੋੜਾਂ ਰੁਪਏ ਦੇ ਗਹਿਣੇ ਵੀ ਦਿੱਤੇ। ਇਸ ਭਾਤ 'ਚ ਦਿੱਤੇ ਗਏ ਕੈਸ਼ ਦੀ ਵੀਡੀਓ ਕਾਫੀ ਚਰਚਾ 'ਚ ਹੈ।

ਦਰਅਸਲ, ਰੇਵਾੜੀ ਦੇ ਦਿੱਲੀ-ਜੈਪੁਰ ਹਾਈਵੇਅ ਨਾਲ ਲੱਗਦੇ ਪਿੰਡ ਅਸਲਵਾਸ ਦੇ ਰਹਿਣ ਵਾਲੇ ਸਤਬੀਰ ਦੀ ਭੈਣ ਸਿੰਦਰਪੁਰ 'ਚ ਵਿਆਹੀ ਹੋਈ ਸੀ। ਉਹ ਪਿਛਲੇ ਕਾਫੀ ਸਮੇਂ ਤੋਂ ਗੜ੍ਹੀ ਬੋਲੀ ਰੋਡ 'ਤੇ ਪੜਿਆਵਾਸ ਨੇੜੇ ਆਪਣੇ ਪਰਿਵਾਰ ਨਾਲ ਰਹਿ ਰਿਹਾ ਹੈ। ਸਤਬੀਰ ਦੀ ਇਕਲੌਤੀ ਭੈਣ ਦੇ ਪਤੀ ਦੀ ਕਾਫੀ ਸਮਾਂ ਪਹਿਲਾਂ ਮੌਤ ਹੋ ਗਈ ਸੀ। ਉਸਦੀ ਇੱਕ ਹੀ ਭਤੀਜੀ ਹੈ। ਆਪਣੇ ਵਿਆਹ ਤੋਂ ਪਹਿਲਾਂ, ਸਤਬੀਰ ਆਪਣੇ ਭਰਾ ਵਾਂਗ ਭਾਤ ਦੀ ਰਸਮ ਕਰਨ ਲਈ ਆਪਣੇ ਪਿੰਡ ਦੇ ਮੌਜ-ਮਸਤੀ ਕਰਨ ਵਾਲੇ ਲੋਕਾਂ ਨਾਲ ਆਪਣੀ ਭੈਣ ਦੇ ਘਰ ਪਹੁੰਚਿਆ।

ਸ਼ਾਮ ਨੂੰ ਜਦੋਂ ਚੌਲ ਦੇਣ ਦੀ ਰਸਮ ਸ਼ੁਰੂ ਹੋਈ ਤਾਂ ਉੱਥੇ ਮੌਜੂਦ ਹਰ ਕੋਈ ਦੰਗ ਰਹਿ ਗਿਆ। ਸਤਬੀਰ ਨੇ ਆਪਣੀ ਭੈਣ ਦੇ ਘਰ 500 ਰੁਪਏ ਦੇ ਨੋਟਾਂ ਦੇ ਬੰਡਲ ਢੇਰ ਕਰ ਦਿੱਤੇ। 1 ਕਰੋੜ, 1 ਲੱਖ, 11 ਹਜ਼ਾਰ 101 ਰੁਪਏ ਦੀ ਸਮੁੱਚੀ ਰਾਸ਼ੀ ਨਕਦ ਦਿੱਤੀ ਗਈ। ਇਸ ਤੋਂ ਇਲਾਵਾ ਸਤਬੀਰ ਨੇ ਆਪਣੀ ਭੈਣ ਅਤੇ ਭਾਣਜੀ ਨੂੰ ਕਰੋੜਾਂ ਰੁਪਏ ਦੇ ਗਹਿਣੇ ਅਤੇ ਹੋਰ ਸਾਮਾਨ ਵੀ ਦਿੱਤਾ। ਚਾਵਲ ਦਿੰਦੇ ਸਮੇਂ ਨਕਦੀ ਅਤੇ ਗਹਿਣਿਆਂ ਦੇ ਬੰਡਲ ਦੇਣ ਦੀ ਵੀਡੀਓ ਵੀ ਸਾਹ-ਮਣੇ ਆਈ ਹੈ।

# ਬਰੇਲੀ ਵਿਚ 5 ਮਹੀਨਿਆਂ ਵਿਚ 9 ਔਰਤਾਂ ਦਾ ਕਤਲ

ਬਰੇਲੀ, 28 ਨਵੰਬਰ (ਪੋਸਟ ਬਿਊਰੋ): ਯੂਪੀ ਦੇ ਬਰੇਲੀ ਵਿੱਚ ਔਰਤਾਂ ਦੀ ਗਲਾ ਘੁੱਟ ਕੇ ਹੱਤਿਆ ਕਰਨ ਦਾ ਸਿਲਸਿਲਾ ਰੁਕਣ ਦਾ ਨਾਮ ਨਹੀਂ ਲੈ ਰਿਹਾ ਹੈ। ਹੁਣ ਜ਼ਿਲ੍ਹੇ ਦੇ ਸ਼ੀਸ਼ਗੜ੍ਹ ਥਾਣਾ ਖੇਤਰ ਤੋਂ ਇੱਕ ਨਵਾਂ ਮਾਮਲਾ ਸਾਹਮਣੇ ਆਇਆ ਹੈ। ਇੱਥੇ ਖੇਤਾਂ ਤੋਂ ਚਾਰਾ ਲੈ ਕੇ ਪਰਤ ਰਹੀ ਇੱਕ ਹੋਰ ਔਰਤ ਦਾ ਸਾੜ੍ਹੀ ਨਾਲ ਗਲਾ ਘੁੱਟ ਕੇ ਕਤਲ ਕਰ ਦਿੱਤਾ ਗਿਆ। ਹੈਰਾਨੀ ਦੀ ਗੱਲ ਇਹ ਹੈ ਕਿ ਇਨ੍ਹਾਂ ਸਾਰਿਆਂ ਦਾ ਕਤਲ ਇਸੇ ਤਰਜ਼ 'ਤੇ ਕੀਤਾ ਗਿਆ ਸੀ। ਪੁਲਿਸ ਨੇ ਦੱਸਿਆ ਕਿ 5 ਮਹੀਨਿਆਂ ਵਿੱਚ ਇਸ ਤਰ੍ਹਾਂ ਔਰਤਾਂ ਦੇ ਕਤਲ ਦੀ ਇਹ ਨੌਵੀਂ ਘਟਨਾ ਹੈ। ਬਰੇਲੀ ਜ਼ਿਲ੍ਹੇ ਦੇ ਸ਼ੀਸ਼ਗੜ੍ਹ ਅਤੇ ਸ਼ਾਹੀ ਆਦਿ ਥਾਣਾ ਖੇਤਰ ਵਿਚ ਪੰਜ ਮਹੀਨਿਆਂ ਵਿਚ ਅੱਧਖੜ ਉਮਰ ਦੀਆਂ ਔਰਤਾਂ ਦੀ ਸਾੜੀ ਅਤੇ ਚੁੰਨੀ ਨਾਲ ਗਲਾ ਘੁੱਟ ਕੇ ਹੱਤਿਆ ਕਰਨ ਦੀਆਂ 9 ਘਟਨਾਵਾਂ ਸਾਹਮਣੇ ਆਈਆਂ ਹਨ।

ਇੱਕ ਸੀਨੀਅਰ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਇੱਕ ਹੀ ਰੁਝਾਨ ਦੀਆਂ ਕਈ ਘਟਨਾਵਾਂ ਨੂੰ ਇੱਕ ਚੁਣੌਤੀ ਵਜੋਂ ਲੈਂਦਿਆਂ ਪੁਲਿਸ ਦੀ ਨਿਗਰਾਨੀ ਵਧਾ ਦਿੱਤੀ ਗਈ ਹੈ ਅਤੇ ਮਾਮਲਿਆਂ ਨੂੰ ਨੱਥ ਪਾਉਣ ਲਈ ਦੋ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ। ਪੁਲਿਸ ਨੇ ਦੱਸਿਆ ਕਿ ਸ਼ੀਸ਼ਗੜ੍ਹ ਥਾਣਾ ਖੇਤਰ ਦੇ ਜਗਦੀਸ਼ਪੁਰ ਪਿੰਡ ਦੀ ਰਹਿਣ ਵਾਲੀ 55 ਸਾਲਾ ਉਰਮਿਲਾ ਦੇਵੀ ਗੰਗਵਾਰ ਐਤਵਾਰ ਦੁਪਹਿਰ 2:30 ਵਜੇ ਘਰ ਤੋਂ ਪਸ਼ੂਆਂ ਲਈ ਚਾਰਾ ਲਿਆਉਣ ਲਈ ਖੇਤ ਗਈ ਸੀ। ਕਾਫੀ ਦੇਰ ਬਾਅਦ ਵੀ ਜਦੋਂ ਉਹ ਘਰ ਨਹੀਂ ਪਰਤੀ ਤਾਂ ਸ਼ਾਮ ਨੂੰ ਉਰਮਿਲਾ ਦੀ ਭਾਲ ਸ਼ੁਰੂ ਕਰ ਦਿੱਤੀ ਗਈ। ਪੁਲਸ ਨੇ ਦੱਸਿਆ ਕਿ ਕਾਫੀ ਭਾਲ ਤੋਂ ਬਾਅਦ ਉਰਮਿਲਾ ਦੀ ਲਾਸ਼ ਉਸ ਦੇ ਪਤੀ ਵੇਦ ਪ੍ਰਕਾਸ਼ ਗੰਗਵਾਰ ਨੂੰ ਪਿੰਡ ਤੋਂ 400 ਮੀਟਰ ਦੂਰ ਇਕ ਖੇਤ ਦੇ ਕੋਲ ਮਿਲੀ। ਸਾੜ੍ਹੀ ਔਰਤ ਦੀ ਗਰਦਨ ਦੁਆਲੇ ਕੱਸੀ ਹੋਈ ਸੀ ਅਤੇ ਉਸ ਦੀ ਜੀਭ ਬਾਹਰ ਸੀ ਅਤੇ ਉਸ ਦੇ ਸਿਰ ਦੇ ਪਿਛਲੇ ਪਾਸੇ ਸੱਟ ਦੇ ਨਿਸ਼ਾਨ ਸਨ। ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਵਿਦਿਅਕ ਅਦਾਰਿਆਂ ਵਿਚ ਨਸ਼ਾ ਸਪਲਾਈ ਕਰਨ ਵਾਲਾ ਗਰੋਹ ਕਾਬੂ



ਨਵੀਂ ਦਿੱਲੀ, 28 ਨਵੰਬਰ (ਪੋਸਟ ਬਿਊਰੋ): ਨੋਇਡਾ ਦੇ ਸੈਕਟਰ-126 ਪੁਲਿਸ ਨੇ ਐਮਿਟੀ ਯੂਨੀਵਰਸਿਟੀ ਅਤੇ ਨੋਇਡਾ ਸਥਿਤ ਹੋਰ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਅਤੇ ਆਸਪਾਸ ਰਹਿਣ ਵਾਲੇ ਲੋਕਾਂ ਨੂੰ ਨਸ਼ੀਲੇ ਪਦਾਰਥਾਂ ਦੀ ਸਪਲਾਈ ਕਰਨ ਵਾਲੇ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਇਸ ਰੈਕੇਟ ਦੇ ਮੈਂਬਰਾਂ ਕੋਲੋਂ ਭਾਰੀ ਮਾਤਰਾ ਵਿੱਚ ਦੇਸੀ ਅਤੇ ਵਿਦੇਸ਼ੀ ਨਸ਼ੀਲੇ ਪਦਾਰਥ ਵੀ ਬਰਾਮਦ ਕੀਤੇ ਗਏ ਹਨ।

ਸੋਮਵਾਰ ਨੂੰ ਨੋਇਡਾ ਪੁਲਿਸ ਨੇ ਸਰਵਿਸ ਰੋਡ ਗ੍ਰੀਨ ਬੈਲਟ ਨੇੜੇ ਡਰੱਗ ਸਪਲਾਈ ਰੈਕੇਟ ਦਾ ਪਰਦਾਫਾਸ਼ ਕੀਤਾ। ਇਹ ਤਸਕਰ ਐਮਿਟੀ ਯੂਨੀਵਰਸਿਟੀ ਅਤੇ ਹੋਰ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੂੰ ਨਸ਼ਾ ਸਪਲਾਈ ਕਰਦੇ ਸਨ। ਫੜੇ ਗਏ ਮੁਲਜ਼ਮਾਂ ਕੋਲੋਂ 25-30 ਲੱਖ ਰੁਪਏ ਦੇ ਨਸ਼ੀਲੇ ਪਦਾਰਥ, 10 ਮੋਬਾਈਲ ਫੋਨ, 3200/- ਰੁਪਏ, 02 ਇਲੈਕਟ੍ਰਾਨਿਕ ਤੋਲਣ ਵਾਲੇ ਕਾਂਟੇ ਅਤੇ ਨਸ਼ੀਲੇ ਪਦਾਰਥਾਂ ਦੀ ਸਪਲਾਈ ਵਿੱਚ ਵਰਤੇ ਜਾਂਦੇ 1 ਕਾਰ ਅਤੇ 2 ਮੋਟਰਸਾਈਕਲ ਬਰਾਮਦ ਕੀਤੇ ਗਏ ਹਨ।

ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਗਰੋਹ ਦੇ ਖਿਲਾਫ ਕਾਰਵਾਈ ਕਰਦੇ ਹੋਏ ਨੋਇਡਾ ਪੁਲਿਸ ਨੇ ਅਕਸ਼ੈ ਕੁਮਾਰ (ਬਾਗਪਤ), ਰਾਜਨ ਸਿੰਘ (ਫਤਿਹਪੁਰ), ਦਰਸ਼ਨ (ਬਰਹਮਪੁਰ, ਮੱਧ ਪ੍ਰਦੇਸ਼), ਆਦਿਤਿਆ ਕੁਮਾਰ (ਮੁਜ਼ੱਫਰਪੁਰ, ਬਿਹਾਰ), ਸਤੇਂਦਰ ਸ਼੍ਰੀਵਾਸਤਵ (ਬਦਾਊਂ), ਸਾਗਰ ਬਜਾਜ (ਫਿਰੋਜ਼ਪੁਰ) ਨੂੰ ਗ੍ਰਿਫਤਾਰ ਕੀਤਾ ਹੈ। , ਪੰਜਾਬ), ਅਨਿਤ ਸੋਮ (ਮੇਰਠ), ਅਪੂਰਵਾ ਸਕਸੈਨਾ (ਕੌਸ਼ਾਂਬੀ), ਨਰਿੰ-ਦਰ ਕੁਮਾਰ (ਝੁੰਝਨੂ, ਰਾਜਸਥਾਨ) ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਿਸ ਰੈਕੇਟ ਨਾਲ ਸਬੰਧਤ ਹੋਰ ਮੁਲਜ਼ਮਾਂ ਦੀ ਗ੍ਰਿਫਤਾਰੀ ਲਈ ਵੀ ਕਾਰਵਾਈ ਕਰ ਰਹੀ ਹੈ।

# ਯੂਪੀ ਵਿਚ 3,238 ਲਾਊਡਸਪੀਕਰ ਹਟਾਏ, 7,288 ਦੀ ਆਵਾਜ਼ ਘਟਾਈ



ਨਵੀਂ ਦਿੱਲੀ, 28 ਨਵੰਬਰ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੀ ਰਾਜ ਪੁਲਿਸ ਨੇ ਡੇਸੀਬਲ ਪੱਧਰ ਅਤੇ ਕਾਨੂੰਨੀਤਾ ਦੀ ਜਾਂਚ ਕਰਕੇ ਧਾਰਮਿਕ ਸਥਾਨਾਂ ਸਮੇਤ ਜਨਤਕ ਸਥਾਨਾਂ 'ਤੇ ਲਾਊਡਸਪੀਕਰਾਂ ਦੇ ਖਿਲਾਫ ਇੱਕ ਮਹੀਨਾ ਲੰਬੀ ਮੁਹਿੰਮ ਚਲਾਈ ਹੈ। ਪਹਿਲੇ ਦਿਨ 3,238 ਗੈਰ-ਕਾਨੂੰਨੀ ਲਾਊਡਸਪੀਕਰ ਹਟਾਏ ਗਏ ਅਤੇ 7,288 ਲਾਊਡਸਪੀਕਰਾਂ ਦਾ ਡੈਸੀਬਲ ਪੱਧਰ ਘਟਾਇਆ ਗਿਆ। ਗੈਰ-ਕਾਨੂੰਨੀ ਤੌਰ 'ਤੇ ਲਗਾਏ ਗਏ ਲਾਊਡ ਸਪੀਕਰਾਂ ਵਿਰੁੱਧ ਪਿਛਲੇ ਅਦਾਲਤੀ ਹੁਕਮਾਂ ਤੋਂ ਬਾਅਦ ਇਸ ਮੁਹਿੰਮ ਦਾ ਹੁਕਮ ਦਿੱਤਾ ਗਿਆ ਹੈ। ਇਕੱਲੇ ਆਗਰਾ ਵਿੱਚ ਹੀ 187 ਲਾਊਡਸਪੀਕਰ ਹਟਾਏ ਗਏ ਅਤੇ 79 ਲਾਊਡਸਪੀਕਰਾਂ ਦਾ ਡੈਸੀਬਲ ਪੱਧਰ ਘਟਾਇਆ ਗਿਆ।

ਰਾਜ ਪੁਲਿਸ ਨੇ ਸੋਮਵਾਰ ਨੂੰ ਉੱਤਰ ਪ੍ਰਦੇਸ਼ ਦੇ ਸਾਰੇ 75 ਜ਼ਿਲ੍ਹਿਆਂ ਵਿੱਚ ਧਾਰਮਿਕ ਸਥਾਨਾਂ ਸਮੇਤ ਜਨਤਕ ਸਥਾਨਾਂ 'ਤੇ ਲਾਊਡਸਪੀਕਰਾਂ ਵਿਰੁੱਧ ਇੱਕ ਮਹੀਨਾ ਲੰਬੀ ਮੁਹਿੰਮ ਚਲਾਈ, ਜਿਸ ਤਹਿਤ ਸਵੇਰੇ 5 ਵਜੇ ਤੋਂ ਚਲਾਈ ਗਈ ਮੁਹਿੰਮ ਦੌਰਾਨ ਲਾਊਡ ਸਪੀਕਰਾਂ ਦੇ ਡੈਸੀਬਲ ਪੱਧਰ ਅਤੇ ਉਨ੍ਹਾਂ ਦੀ ਕਾਨੂੰਨੀ ਸਥਿਤੀ ਦੀ ਨਿਗਰਾਨੀ ਕੀਤੀ ਗਈ। ਸੋਮਵਾਰ ਸਵੇਰੇ 7 ਵਜੇ। ਸਹੀ ਸਥਾਪਨਾ ਦੀ ਜਾਂਚ ਕੀਤੀ ਗਈ। ਉਲੰਘਣਾ ਕਰਨ ਵਾਲਿਆਂ ਨੂੰ ਨੋਟਿਸ ਦਿੱਤੇ ਗਏ ਅਤੇ ਸਖ਼ਤ ਕਾਰਵਾਈ ਦੀ ਚੇਤਾਵਨੀ ਦਿੱਤੀ ਗਈ। ਮਹੀਨਾ ਭਰ ਚੱਲਣ ਵਾਲੀ ਇਸ ਮੁਹਿੰਮ ਲਈ ਹਰ ਜ਼ਿਲ੍ਹੇ ਵਿੱਚ ਸੀਨੀਅਰ ਅਧਿਕਾਰੀਆਂ ਦੀਆਂ ਪੁਲਿਸ ਟੀਮਾਂ ਬਣਾਈਆਂ ਗਈਆਂ ਹਨ।


Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com



$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5

$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8

$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0

$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8

$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com






# ਇਜ਼ਰਾਈਲ ਵਿਚ ਮੌਜੂਦਾ ਹਾਲਾਤ ਦੇਖਣ ਪਹੁੰਚੇ ਐਲਨ ਮਸਕ



ਤਲਅਵੀਵ, 28 ਨਵੰਬਰ (ਪੋਸਟ ਬਿਊਰੋ): ਇਜ਼ਰਾਈਲ ਅਤੇ ਹਮਾਸ ਵਿਚਕਾਰ ਜੰਗ ਨੇ ਲੱਖਾਂ ਲੋਕਾਂ ਨੂੰ ਬੁਰੀ ਤਰ੍ਹਾਂ ਨਾਲ ਪ੍ਰੇਸ਼ਾਨ ਕਰ ਦਿੱਤਾ ਹੈ। ਹਮਾਸ ਦੇ ਅੱਤਵਾਦੀ ਹਮਲੇ ਅਤੇ ਕਤਲੇਆਮ ਤੋਂ ਬਾਅਦ ਇਜ਼ਰਾਈਲ ਨੇ ਇਸ ਨੂੰ ਪੂਰੀ ਤਰ੍ਹਾਂ ਤਬਾਹ ਕਰਨ ਦੀ ਸਹੁੰ ਖਾਧੀ ਹੈ। ਅਜਿਹੇ ਸਮੇਂ 'ਚ ਟਵਿਟਰ ਦੇ ਮਾਲਕ ਐਲਨ ਮਸਕ ਵੀ ਇਜ਼ਰਾਈਲ 'ਚ ਹਮਾਸ ਵੱਲੋਂ ਕੀਤੇ ਗਏ ਅੱਤਵਾਦੀ ਹਮਲੇ ਦੀ ਸਥਿਤੀ ਜਾਣਨ ਲਈ ਪਹੁੰਚੇ। ਇੱਥੇ ਉਨ੍ਹਾਂ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਅਤੇ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ ਅਤੇ ਕਿਬੁਟਜ਼ ਵਰਗੇ ਤਬਾਹ ਹੋਏ ਇਲਾਕਿਆਂ ਦਾ ਦੌਰਾ ਕੀਤਾ।

ਇਸ ਤੋਂ ਬਾਅਦ ਐਲਨ ਮਸਕ ਨੇ ਇਜ਼ਰਾਈਲ ਦੇ ਪੀਐਮ ਨੇਤਨਯਾਹੂ ਨਾਲ ਐਕਸ ਲਾਈਵ ਵਿੱਚ ਵੀ ਹਿੱਸਾ ਲਿਆ। ਇਸ ਦੌਰਾਨ ਨੇਤਨਯਾਹੂ ਨੇ ਕਿਹਾ ਕਿ ਜੇਕਰ ਤੁਸੀਂ ਗਾਜ਼ਾ ਵਾਸੀਆਂ ਲਈ ਸੁਰੱਖਿਆ, ਸ਼ਾਂਤੀ ਅਤੇ ਬਿਹਤਰ ਜੀਵਨ ਚਾਹੁੰਦੇ ਹੋ ਤਾਂ ਤੁਹਾਨੂੰ ਹਮਾਸ ਨੂੰ ਤਬਾਹ ਕਰਨਾ ਹੋਵੇਗਾ। ਨੇਤਨਯਾਹੂ ਨੇ ਕਿਹਾ ਕਿ ਤੁਹਾਨੂੰ ਪਹਿਲਾਂ ਜ਼ਹਿਰੀਲੇ ਸ਼ਾਸਨ ਤੋਂ ਛੁਟਕਾਰਾ ਪਾਉਣਾ ਹੋਵੇਗਾ ਜਿਵੇਂ ਕਿ ਜਰਮਨੀ ਅਤੇ ਜਾਪਾਨ ਵਿੱਚ ਕੀਤਾ ਗਿਆ ਸੀ। ਐਲਨ ਮਸਕ ਨੇ ਇਹ ਵੀ ਕਿਹਾ ਕਿ ਹੋਰ ਕੋਈ ਵਿਕਲਪ ਨਹੀਂ ਹੈ।

ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਗੱਲਬਾਤ ਵਿੱਚ, ਐਲੋਨ ਮਸਕ ਨੇ ਕਿਹਾ ਕਿ ਉਹ ਹਮਾਸ ਨਾਲ ਯੁੱਧ ਖਤਮ ਹੋਣ ਤੋਂ ਬਾਅਦ ਗਾਜ਼ਾ ਦੇ ਮੁੜ ਨਿਰਮਾਣ ਵਿੱਚ ਮੱਦਦ ਕਰਨਾ ਚਾਹੁਣਗੇ। ਮਸਕ ਨੇ ਬੈਠਕ ਵਿਚ ਹਮਾਸ ਦੇ ਅੱਤਵਾਦੀਆਂ ਵਲੋਂ ਇਜ਼ਰਾਈਲ 'ਤੇ ਕੀਤੇ ਗਏ ਹਮਲੇ ਦੀ ਫੁਟੇਜ ਵੀ ਦੇਖੀ। ਮਸਕ ਨੇ ਕਿਹਾ ਕਿ ਕਾਤਲਾਂ ਦੁਆਰਾ ਪ੍ਰਗਟ ਕੀਤੀ ਗਈ ਖੁਸ਼ੀ ਦੁਸ਼ਟ ਅਤੇ ਹੈਰਾਨ ਕਰਨ ਵਾਲੀ ਸੀ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਮੁੱਖ ਮੰਤਰੀ ਨੇ ਕਿਹਾ: ਭਾਜਪਾ ਇੰਨੀ ਪੰਜਾਬ ਵਿਰੋਧੀ ਹੈ ਕਿ ਰਾਸ਼ਟਰੀ ਗੀਤ ਵਿੱਚੋਂ ਪੰਜਾਬ ਦਾ ਨਾਮ ਹੀ ਹਟਾ ਦੇਣ

*** ਸੈਸ਼ਨ ਲਈ ਸੁਪਰੀਮ ਕੋਰਟ ਦਾ ਪੰਜਾਬ ਵਾਲਾ ਫੈਸਲਾ ਪੂਰੇ ਦੇਸ਼ ਲਈ ਬਣਿਆ ਮਿਸਾਲ * ਸੈਸ਼ਨ ਲਈ ਸੁਪਰੀਮ ਕੋਰਟ ਜਾਣਾ ਜਿੱਤ-ਹਾਰ ਦਾ ਮਸਲਾ ਨਹੀਂ, ਅਸੀਂ ਲੋਕਾਂ ਦੇ ਹੱਕਾਂ ਦੀ ਲੜਾਈ ਜਿੱਤੀ : ਮੁੱਖ ਮੰਤਰੀ**

ਚੰਡੀਗੜ੍ਹ, 28 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਲਈ ਕੇਂਦਰ ਸਰਕਾਰ ਦੀ ਕਰੜੀ ਆਲੋਚਨਾ ਕੀਤੀ ਹੈ।

ਪੰਜਾਬ ਵਿਧਾਨ ਸਭਾ ਵਿੱਚ ਬਹਿਸ ਵਿੱਚ ਸ਼ਾਮਲ ਹੁੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਕਿੰਨੀ ਅਚੰਭੇ ਵਾਲੀ ਗੱਲ ਹੈ ਕਿ ਪੰਜਾਬ ਨੇ ਦੇਸ਼ ਦੇ ਅਨਾਜ ਉਤਪਾਦਨ ਵਿੱਚ ਅਹਿਮ ਯੋਗਦਾਨ ਪਾਉਣ ਤੋਂ ਇਲਾਵਾ ਭਾਰਤੀ ਫੌਜ ਵਿੱਚ ਸਭ ਤੋਂ ਵੱਧ ਨੁਮਾਇੰਦਗੀ ਦਿੱਤੀ ਹੈ ਪਰ ਇਸ ਦੇ ਬਾਵਜੂਦ ਕੇਂਦਰ ਸਰਕਾਰ ਨੇ ਹਮੇਸ਼ਾ ਸੂਬੇ ਨੂੰ ਅਣਗੌਲਿਆ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਾਰੀਆਂ ਸ਼ਰਤਾਂ ਪੂਰੀਆਂ ਕਰਨ ਦੇ ਬਾਵਜੂਦ ਆਰ.ਡੀ.ਐਫ. ਦਾ ਬਣਦਾ ਹਿੱਸਾ ਨਹੀਂ ਮਿਲ ਰਿਹਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਵੇਂ ਜੀ.ਐਸ.ਟੀ. ਸੂਬੇ ਇਕੱਤਰ ਕਰਦੇ ਹਨ ਪਰ ਆਪਣਾ ਬਣਦਾ ਹਿੱਸਾ ਲੈਣ ਲਈ ਕੇਂਦਰ ਸਰਕਾਰ ਅੱਗੇ ਹੱਥ ਅੱਡਣੇ ਪੈਂਦੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਮੋਦੀ ਸਰਕਾਰ ਪੰਜਾਬ ਵਿਰੋਧੀ ਖ਼ਬਤ ਦੀ ਸ਼ਿਕਾਰ ਹੈ, ਜਿਸ ਕਾਰਨ ਉਹ ਸੂਬੇ ਨੂੰ ਬਰਬਾਦ ਕਰਨ ਉਤੇ ਤੁਲੀ ਹੋਈ ਹੈ। ਉਨ੍ਹਾਂ ਕਿਹਾ ਕਿ ਜੇ ਭਾਜਪਾ ਦੀ ਅਗਵਾਈ ਵਾਲੀ ਐਨ.ਡੀ.ਏ. ਸਰਕਾਰ ਦੀ ਮਰਜ਼ੀ ਚੱਲੇ ਤਾਂ ਉਹ ਕੌਮੀ ਗੀਤ ਵਿੱਚੋਂ ਵੀ ਪੰਜਾਬ ਦਾ ਨਾਮ ਕੱਟ ਦੇਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕਿੰਨੀ ਅਜੀਬ ਗੱਲ ਹੈ ਕਿ ਪੰਜਾਬ ਨਾਲ ਮਤਰੇਈ ਮਾਂ ਵਾਲੇ ਸਲੂਕ ਕਰਨ ਦੇ ਬਾਵਜੂਦ ਭਾਜਪਾ ਦੇ ਸੂਬਾਈ ਪ੍ਰਧਾਨ ਤੇ ਸਾਬਕਾ ਮੁੱਖ ਮੰਤਰੀ ਇਸ ਸਮੁੱਚੇ ਮਸਲੇ ਉਤੇ ਚੁੱਪ ਧਾਰੀ ਬੈਠੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇੰਨਾ ਹੀ ਨਹੀਂ ਕੇਂਦਰ ਸਰਕਾਰ ਨੇ ਸੂਬੇ ਅਤੇ ਇਸ ਦੇ ਕਿਸਾਨਾਂ ਪ੍ਰਤੀ ਵੀ ਵਿਰੋਧੀ ਰਵੱਈਆ ਅਖ਼ਤਿਆਰ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਇਸ ਵਿਰੋਧੀ ਰਵੱਈਏ ਕਾਰਨ ਖੇਤੀਬਾੜੀ ਹੁਣ ਲਾਹੇਵੰਦ ਧੰਦਾ ਨਹੀਂ ਰਿਹਾ ਅਤੇ ਕੇਂਦਰ ਸਰਕਾਰ ਹੁਣ ਅਨਾਜਾਂ ਉਤੇ ਐਮ.ਐਸ.ਪੀ. ਖ਼ਤਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਕੌਮੀ ਰਾਜਧਾਨੀ ਵਿੱਚ ਵਾਤਾਵਰਨ ਪ੍ਰਦੂਸ਼ਣ ਦੀ ਸਮੁੱਚੀ ਜ਼ਿੰਮੇਵਾਰੀ ਪੰਜਾਬ ਦੇ ਕਿਸਾਨਾਂ ਸਿਰ ਸੁੱਟ ਕੇ ਇਸ ਨੂੰ ਪਰਾਲੀ ਫੂਕਣ ਕਾਰਨ ਹੋਇਆ ਪ੍ਰਦੂਸ਼ਣ ਦੱਸ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਵੱਲੋਂ ਪੰਜਾਬ ਨਾਲ ਅਜਿਹਾ ਸਲੂਕ ਕੀਤਾ ਜਾ ਰਿਹਾ ਹੈ, ਜਿਵੇਂ ਪੰਜਾਬ ਇਸ ਦੇਸ਼ ਦਾ ਹੀ ਹਿੱਸਾ ਨਹੀਂ ਹੈ ਅਤੇ ਦੇਸ਼ ਨਿਰਮਾਣ ਵਿੱਚ ਪੰਜਾਬੀਆਂ ਦੇ ਮਹਾਨ ਬਲੀਦਾਨ ਨੂੰ ਵੀ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਹੱਕਾਂ ਨੂੰ ਬਿਲਕੁੱਲ ਅੱਖੋਂ-ਪਰੋਖੇ ਕੀਤਾ ਜਾ ਰਿਹਾ ਹੈ ਅਤੇ ਵਿਰੋਧੀ ਸਰਕਾਰਾਂ ਵਾਲੇ ਸੂਬਿਆਂ ਖ਼ਾਸ ਤੌਰ ਉਤੇ ਪੰਜਾਬ ਦੀ ਬਾਂਹ ਮਰੋੜਨ ਲਈ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਭਗਵੰਤ ਸਿੰਘ ਮਾਨ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਕੇਂਦਰ ਸਰਕਾਰ ਕੋਲੋਂ ਝਾਕ ਰੱਖਣੀ ਬੰਦ ਕਰਨ ਅਤੇ ਪੰਜਾਬ ਦੀ ਅਮੀਰ ਵਿਰਾਸਤ, ਵਿੱਤ ਤੇ ਰਵਾਇਤ ਨੂੰ ਬਚਾਉਣ ਲਈ ਅੱਗੇ ਆਉਣ ਤੇ ਰੰਗਲਾ ਪੰਜਾਬ ਬਣਾਉਣ ਦੇ ਲੰਮੇਰੇ ਰਾਹ ਦੇ ਪਾਂਧੀ ਬਣਨ।



ਮੁੱਖ ਮੰਤਰੀ ਨੇ ਕਿਹਾ ਕਿ ਜਿਹੜਾ ਜੀ.ਐਸ.ਟੀ. ਬਿੱਲ ਅੱਜ ਸਦਨ ਵਿੱਚ ਪੇਸ਼ ਕੀਤਾ ਗਿਆ ਹੈ, ਉਹ ਉਤਪਾਦਕ ਰਾਜ ਨੂੰ ਟੈਕਸ ਲਾਭ ਮਿਲਣੇ ਯਕੀਨੀ ਬਣਾਏਗਾ, ਜਿਸ ਨਾਲ ਸੂਬਾ ਆਪਣੇ ਸਰੋਤਾਂ ਦੀ ਵਰਤੋਂ ਵਸਤ ਨਿਰਮਾਣ ਲਈ ਕਰ ਸਕੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਵੈਟ ਦੇ ਡਿਫਾਲਟਰਾਂ ਲਈ ਯਕਮੁਸ਼ਤ ਨਿਬੇੜਾ ਸਕੀਮ (ਓ.ਟੀ.ਐਸ.) ਦੀ ਵੀ ਸ਼ੁਰੂਆਤ ਕੀਤੀ, ਜਿਸ ਦਾ ਸੂਬੇ ਭਰ ਦੇ 65 ਹਜ਼ਾਰ ਤੋਂ ਵੱਧ ਵਪਾਰੀਆਂ ਨੂੰ ਲਾਭ ਮਿਲਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸਕੀਮ ਨੂੰ ਆਮ ਜਨਤਾ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਇਸ ਸਕੀਮ ਤਹਿਤ ਸੂਬਾ ਸਰਕਾਰ ਨੂੰ ਹੁਣ ਤੱਕ 1800 ਅਰਜ਼ੀਆਂ ਮਿਲੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਫ਼ਰਜ਼ੀ ਬਿਲਿੰਗ ਨੂੰ ਰੋਕਣ ਲਈ ਜੀ.ਐਸ.ਟੀ. ਕੁਲੈਕਸ਼ਨ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ ਲਿਆ ਰਹੀ ਹੈ। ਉਨ੍ਹਾਂ ਕਿਹਾ ਕਿ ਮਾਲ, ਸਿਹਤ, ਖੇਤੀਬਾੜੀ, ਲੋਕ ਨਿਰਮਾਣ ਵਿਭਾਗ ਤੇ ਹੋਰ ਵਿਭਾਗਾਂ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ ਦੀ ਵਰਤੋਂ ਕੀਤੀ ਜਾ ਰਹੀ ਹੈ। ਇਸ ਤਕਨੀਕ ਦੇ ਲਾਭਾਂ ਦਾ ਹਵਾਲਾ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦੀ ਵਰਤੋਂ ਨਾਲ ਸੜਕਾਂ ਦੀ ਮੁਰੰਮਤ ਦੇ ਅੰਦਾਜ਼ੇ ਲਾਉਂਦਿਆਂ 163.26 ਕਰੋੜ ਰੁਪਏ ਦੀ ਬੱਚਤ ਹੋਈ ਅਤੇ 540 ਕਿਲੋਮੀਟਰ ਅਜਿਹੀਆਂ ਸੜਕਾਂ ਦਾ ਵੀ ਪਤਾ ਚੱਲਿਆ, ਜਿਹੜੀਆਂ ਹੋਂਦ ਵਿੱਚ ਹੀ ਨਹੀਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਤੋਂ ਟੈਕਸ ਦੇ ਰੂਪ ਵਿੱਚ ਇਕੱਤਰ ਪੈਸੇ ਦੀ ਵਰਤੋਂ ਸੂਬਾ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਉਤੇ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦਾ ਪੈਸਾ, ਉਨ੍ਹਾਂ ਨੂੰ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ, ਮੁਫ਼ਤ ਸਿੱਖਿਆ ਅਤੇ ਹੋਰ ਸਹੂਲਤਾਂ ਉਤੇ ਖ਼ਰਚਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ ਅਤੇ ਖ਼ਜ਼ਾਨੇ ਦਾ ਇਕ-ਇਕ ਪੈਸਾ ਆਮ ਲੋਕਾਂ ਦੀ ਭਲਾਈ ਉਤੇ ਖ਼ਰਚਿਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਵਿਧਾਨ ਸਭਾ ਸੈਸ਼ਨਾਂ ਬਾਰੇ ਸੁਪਰੀਮ ਕੋਰਟ ਦੇ ਫੈਸਲੇ ਨੇ ਦੇਸ਼ ਦੀ ਸਿਆਸਤ ਵਿੱਚ ਇਕ ਨਵਾਂ ਕੀਰਤੀਮਾਨ ਸਥਾਪਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨੇ ਅਜਿਹੇ ਮਾਮਲਿਆਂ ਨਾਲ ਨਜਿੱਠਣ ਬਾਰੇ ਸਮੁੱਚੇ ਦੇਸ਼ ਲਈ ਇਕ ਮਿਸਾਲ ਕਾਇਮ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਜਿੱਤ ਜਾਂ ਹਾਰ ਦਾ ਮਸਲਾ ਨਹੀਂ, ਸਗੋਂ ਪੰਜਾਬ ਸਰਕਾਰ ਨੇ ਲੋਕਾਂ ਦੇ ਹਿੱਤ ਅਤੇ ਜਮਹੂਰੀਅਤ ਲਈ ਇਹ ਲੜਾਈ ਲੜੀ।

ਮੁੱਖ ਮੰਤਰੀ ਨੇ ਵਿਧਾਨ ਸਭਾ ਸੈਸ਼ਨਾਂ ਦੀ ਮਨਜ਼ੂਰੀ ਦੇਣ ਅਤੇ ਆਪਣੀਆਂ ਚਿੱਠੀਆਂ ਦਾ ਤੁਰੰਤ ਜਵਾਬ ਦੇਣ ਲਈ ਰਾਜਪਾਲ ਦਾ ਧੰਨਵਾਦ ਕੀਤਾ। ਉਨ੍ਹਾਂ ਉਮੀਦ ਜਤਾਈ ਕਿ ਰਾਜਪਾਲ ਜਲਦੀ ਬਕਾਇਆ ਬਿੱਲਾਂ ਦੇ ਨਾਲ-ਨਾਲ ਨਵੇਂ ਬਿੱਲਾਂ ਨੂੰ ਵੀ ਮਨਜ਼ੂਰੀ ਦੇਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਤੇ ਰਾਜਪਾਲ ਵਿਚਾਲੇ ਕਿਸੇ ਵੀ ਮਸਲੇ ਉਤੇ ਕੋਈ ਮਤਭੇਦ ਨਹੀਂ ਹੈ।

# ਮੇਰੇ ’ਤੇ ਲਗਾਏ ਜਾ ਰਹੇ ਇਲਜ਼ਾਮ ਦਾ ਸਬੂਤ ਦਿਉਂ, ਮੈਂ ਹਰ ਤਰ੍ਹਾਂ ਦੀ ਜਾਂਚ ਦਾ ਸਾਹਮਣਾ ਕਰਨਾ ਲਈ ਤਿਆਰ : ਬੈਂਸ



ਚੰਡੀਗੜ੍ਹ, 28 ਨਵੰਬਰ (ਪੋਸਟ ਬਿਊਰੋ): ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਕਾਂਗਰਸ ਪਾਰਟੀ ਦੇ ਇਕ ਵਿਧਾਇਕ ਵਲੋਂ ਉਨ੍ਹਾਂ ਉਤੇ ਵੱਖ ਵੱਖ ਯੂਨੀਅਨਾਂ ਦੇ ਆਗੂਆਂ ਨੂੰ ਨਾ ਮਿਲਣ ਅਤੇ ਮਾਈਨਿੰਗ ਸਬੰਧੀ ਲਗਾਏ ਦੋਸ਼ਾਂ ਸਿਰੇ ਤੋਂ ਨਕਾਰ ਦਿੱਤਾ। ਉਨ੍ਹਾਂ ਵਿਰੋਧੀ ਧਿਰ ਦੇ ਵਿਧਾਇਕ ਵਲੋਂ ਲਗਾਏ ਦੋਸ਼ਾਂ ਨੂੰ ਮੁੱਢੋਂ ਰੱਦ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਦੋ ਕਾਲਜ ਅਧਿਆਪਕਾਂ ਦੀ ਭਰਤੀ ਲਈ ਜੋ ਮੁਹਿੰਮ ਆਰੰਭੀ ਗਈ ਸੀ ਉਸ ਸਬੰਧੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਵਾਈਸ ਚਾਂਸਲਰ ਵਲੋਂ ਡਈਸਐਂਡ ਨੋਟ ਲਿਖ ਕੇ ਭਰਤੀ ਪ੍ਰਕਿਰਿਆ ਰੋਕਣ ਲਈ ਕਿਹਾ ਸੀ।

ਬੈਂਸ ਨੇ ਦੱਸਿਆ ਕਿ ਇਸ ਦੇ ਬਾਵਜੂਦ ਕਾਂਗਰਸ ਸਰਕਾਰ ਨੇ ਇਹ ਭਰਤੀ ਪ੍ਰਕਿਰਿਆ ਨਿਯਮਾਂ ਦੇ ਉਲਟ ਜਾ ਕੇ ਕੀਤੀ ਜਿਸ ਨੂੰ ਹਾਈਕੋਰਟ ਵਲੋਂ ਰੱਦ ਕਰ ਦਿੱਤਾ।

ਆਪਣੇ ਆਰਡਰ ਵਿਚ ਹਾਈ ਕੋਰਟ ਵਲੋਂ ਕਿਹਾ ਗਿਆ ਸੀ ਕਿ ਸਾਨੂੰ ਪਤਾ ਹੈ ਕੋਰਟ ਦੇ ਫੈਸਲੇ ਨਾਲ ਬਹੁਤ ਸਾਰੀਆਂ ਜ਼ਿੰਦਗੀਆਂ ਪ੍ਰਭਾਵਤ ਹੋਣਗੀਆਂ ਪਰ ਇਸ ਭਰਤੀ ਵਿਚ ਬਹੁਤ ਸਾਰੀਆਂ ਲੀਗਲ ਅੜਚਨਾਂ ਹਨ ਜਿਸ ਕਾਰਨ ਅਸੀਂ ਇਹ ਭਰਤੀ ਰੱਦ ਕਰ ਰਹੇ ਹਾਂ। ਇਸ ਲਈ ਇਹ ਭਰਤੀ ਰੱਦ ਹੋਣ ਲਈ ਕਾਂਗਰਸ ਸਰਕਾਰ ਪੂਰੀ ਤਰ੍ਹਾਂ ਜ਼ੰਮਿਵਾਰ ਹਨ।

ਮਾਈਨਿੰਗ ਸਬੰਧੀ ਲਗਾਏ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਸ.ਬੈਂਸ ਨੇ ਕਿਹਾ ਜੇਕਰ ਕੋਈ ਵਿਅਕਤੀ ਮੇਰੇ ਜਾਂ ਮੇਰੇ ਪਰਿਵਾਰ ਦੇ ਮਾਈਨਿੰਗ ਵਿਚ ਸ਼ਾਮਿਲ ਹੋਣ ਸਬੰਧੀ ਸਬੂਤ ਦੇ ਦੇਵੇ ਤਾਂ ਮੈਂ ਹਰ ਤਰ੍ਹਾਂ ਦੀ ਜਾਂਚ ਦਾ ਸਾਹ-ਮਣਾ ਕਰਨਾ ਲਈ ਤਿਆਰ ਹਾਂ। ਉਨ੍ਹਾਂ ਕਿਹਾ ਕਿ ਚਾਹੇ ਮੇਰਾ ਨਾਰਕੋ ਟੈਸਟ ਕਰਵਾ ਲਿਆ ਜਾਵੇ।

ਉਨ੍ਹਾਂ ਕਿਹਾ ਜਦੋਂ ਮੈਂ ਖਣਿਜ ਪਦਾਰਥਾਂ ਮੰਤਰੀ ਸੀ ਤਾਂ ਸਾਡੇ ਸੂਬੇ ਨੇ ਸਭ ਤੋਂ ਵੱਧ ਰੈਵਿਨਿਊ ਹਾਸਲ ਕੀਤਾ ਸੀ।

ਇਸ ਤੋਂ ਗ਼ੈਰ ਕਾਨੂੰਨੀ ਮਾਈਨਿੰਗ ਵਿਚ ਸ਼ਾਮਿਲ ਰਹੇ ਰਾਕੇਸ਼ ਚੌਧਰੀ ਨੂੰ ਵੀ ਅਸੀਂ ਗ੍ਰਿਫਤਾਰ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਬਿਕਰਮ ਸਿੰਘ ਮਜੀਠੀਆ ਵਲੋਂ ਬਲੈਕਮੇਲ ਕਰਨ ਵਾਲੇ ਇਕ ਵਕੀਲ ਨੂੰ ਨਾਲ ਬਿਠਾ ਕੇ ਪ੍ਰੈਸ ਕਾਨਫਰੰਸ ਕਰਕੇ ਲੋਕਾਂ ਨੂੰ ਮੂਰਖ਼ ਬਨਾਉਣ ਦਾ ਯਤਨ ਕਰ ਰਹੇ ਹਨ।

ਬੈਂਸ ਨੇ ਕਿਹਾ ਕਿ ਮੇਰਾ ਹਲਕੇ ਵਿੱਚ ਮਾਈਨਿੰਗ ਕਾਰਨ ਦਿਨੋਂ ਦਿਨ ਪਾਣੀ ਡੂੰਘਾ ਹੋ ਰਿਹਾ ਹੈ ਇਸ ਲਈ ਅਸੀਂ ਤਾਂ ਚਾਹੁੰਦੇ ਹਾਂ ਕਿ ਮਾਈਨਿੰਗ ਤਾਂ ਪੂਰੀ ਤਰ੍ਹਾਂ ਬੰਦ ਕਰ ਦੇਣੀ ਚਾਹੀਦੀ ਹੈ।


REXDALE BODY SHOP
USED CAR SALE





Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023 ThreeBest Rated Excellence
Call: 416.524.6704
www.hkmovers.ca
2023 ThreeBest Rated Certificate OF EXCELLENCE THREE BEST RATED
SAFE, RELIABLE AND EFFICIENT SERVICE AT THE BEST RATES

